# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 09-04-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਲਵਾਯੂ ਪਰਿਵਰਤਨ ਨੂੰ ਅੱਜ ਦਾ ਸਭ ਤੋਂ ਵੱਡਾ ਸੰਕਟ ਦੱਸਿਆ ਏ , ਅਤੇ ਕਿਹਾ ਏ ਕਿ ਇਸ ਦਾ ਹੱਲ ਇੱਕ ਟਿਕਾਊ ਜੀਵਨ ਸ਼ੈਲੀ ਏ , ਜਿਸ ਦਾ ਅਭਿਆਸ ਜੈਨ ਭਾਈਚਾਰਾ ਸਦੀਆਂ ਤੋਂ ਕਰਦਾ ਆ ਰਿਹਾ ਏ । ਸ਼੍ਰੀ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਨਵਕਾਰ ਮਹਾਮੰਤਰ ਦਿਵਸ ਮੌਕੇ ਇਕ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜੈਨ ਭਾਈਚਾਰਾ ਸਦੀਆਂ ਤੋਂ ਸਾਦਗੀ, ਸੰਜਮ ਤੇ ਸਥਿਰਤਾ ਦੇ ਸਿਧਾਂਤਾਂ 'ਤੇ ਚੱਲਦਾ ਆ ਰਿਹਾ ਏ । ਸ਼੍ਰੀ ਮੋਦੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਸ਼ਵ ਸੰਸਥਾਵਾਂ ਹੁਣ ਭਾਰਤ ਵੱਲ ਦੇਖ ਰਹੀਆਂ ਨੇ ਕਿਉਂਕਿ ਇਸ ਦੀ ਤਰੱਕੀ ਦੂਜਿਆਂ ਲਈ ਰਾਹ ਖੋਲ੍ਹਦੀ ਏ । ਪ੍ਧਾਨ ਮੰਤਰੀ ਨੇ ਸਥਾਨਕ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਭਾਰਤ ਵਿੱਚ ਬਣੀਆਂ ਵੱਧ ਤੋਂ ਵੱਧ ਚੀਜ਼ਾਂ

ਖਰੀਦੀਆਂ ਜਾਣੀਆਂ ਚਾਹੀਦੀਆਂ ਨੇ  ਤੇ ਦੂਜਿਆਂ ਨੂੰ ਵੀ ਅਜਿਹਾ ਕਰਨ ਲਈ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਏ । ਉਨ੍ਹਾਂ ਸਥਾਨਕ ਤੋਂ ਗਲੋਬਲ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ।

--------------------------------------------------------

ਸੀਮਾ ਸੁਰੱਖਿਆ ਬਲ ਦਾ ਇਕ ਜਵਾਨ ਗੁਰਦਾਸਪੁਰ ਨਾਲ ਲੱਗਦੀ ਸਰਹਦ ਤੇ ਗਸ਼ਤ ਕਰਦੇ ਹੋਏ ਉਸ ਵੇਲੇ ਜ਼ਖ਼ਮੀ ਹੋ ਗਿਆ ਜਦੋਂ ਓਥੇ ਛੁਪਾ ਕੇ ਰੱਖੀ ਗਈ ਈਦ ਵਿਚ ਧਮਾਕਾ ਹੋ ਗਿਆ, ਇਸ ਬਾਰੇ ਸੂਤਰਾਂ ਨੇ ਦੱਸਿਆ ਕਿ ਜਵਾਨ ਜੇਰੇ ਇਲਾਜ਼ ਏ, ਇਹ ਹਾਦਸਾ 8 ਤੇ 9 ਅਪ੍ਰੈਲ ਦੀ ਰਾਤ ਨੂੰ ਹੋਇਆ ਹੋਰ ਵੇਰਵੇ ਉਡੀਕੇ ਜਾ ਰਹੇ ਨੇ ।

--------------------------------------------------------

ਉੱਤਰੀ ਅਮਰੀਕੀ ਪੰਜਾਬੀ ਐਸੋਸੀਏਸ਼ਨ (NAPA) ਨੇ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਕਾਬੂ ਤੋਂ ਬਾਹਰ ਹੋਣ 'ਤੇ ਚਿੰਤਾ ਪ੍ਰਗਟ ਕੀਤੀ ਏ । ਜਲੰਧਰ ਵਿੱਚ ਭਾਜਪਾ ਨੇਤਾ ਮਨੋਰੰਜਨ ਕਾਲੀਆ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਬੰਬ ਧਮਾਕੇ ਦੀ ਸਖ਼ਤ ਨਿੰਦਾ ਕਰਦੇ ਹੋਏ ਐਸੋਸੀਏਸ਼ਨ ਨੇ ਕਿਹਾ ਕਿ ਹਿੰਸਾ ਦੀਆਂ ਅਜਿਹੀਆਂ ਕਾਰਵਾਈਆਂ

ਲੋਕਤੰਤਰੀ ਪ੍ਰਕਿਰਿਆਵਾਂ ਅਤੇ ਜਨਤਕ ਸੁਰੱਖਿਆ ਲਈ ਖ਼ਤਰਾ ਨੇ । ਉਹਨਾਂ ਅਧਿਕਾਰੀਆਂ ਨੂੰ ਪੰਜਾਬ ਵਿਚ ਸ਼ਾਂਤੀ ਅਤੇ ਸੁਰੱਖਿਆ ਬਹਾਲ ਕਰਨ ਲਈ ਤੁਰੰਤ ਤੇ ਪ੍ਰਭਾਵਸ਼ਾਲੀ ਉਪਾਅ ਕਰਨ ਦੀ ਮੰਗ ਕੀਤੀ। ਇਸ ਨੇ ਜ਼ੋਰ ਦੇ ਕੇ ਕਿਹਾ ਕਿ ਇਕ ਸਥਿਰ ਪੰਜਾਬ ਨਾ ਸਿਰਫ਼ ਇਸ ਦੇ ਵਸਨੀਕਾਂ ਲਈ ਬਲਕਿ ਵਿਸ਼ਵਵਿਆਪੀ ਪੰਜਾਬੀ ਭਾਈਚਾਰੇ ਨਾਲ ਮਹੱਤਵਪੂਰਨ ਆਰਥਿਕ ਅਤੇ ਸੱਭਿਆਚਾਰਕ ਸਬੰਧਾਂ ਨੂੰ ਬਣਾਈ ਰੱਖਣ ਲਈ ਵੀ ਬਹੁਤ ਜ਼ਰੂਰੀ ਏ ।

---------------------------------------------------------

ਵਿਸਾਖੀ ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਸਿੱਖ ਸ਼ਰਧਾਲੂਆਂ ਦਾ ਜਥਾ ਭਲਕੇ 10 ਅਪ੍ਰੈਲ ਨੂੰ ਰਵਾਨਾ ਹੋਵੇਗਾ, ਇਹਨਾਂ ਸ਼ਰਧਾਲੂਆਂ ਨੂੰ ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਪਾਸਪੋਰਟ ਵੰਡੇ ਗਏ। ਸ਼੍ਰੋਮਣੀ ਕਮੇਟੀ ਦੇ ਡਿਪਟੀ ਸਕੱਤਰ ਨੇ ਦੱਸਿਆ ਕਿ 1942 ਸਮੇਤ ਕੁਲ 6600 ਸ਼ਰਧਾਲੂਆਂ ਨੇ ਪਾਕਿਸਤਾਨ ਜਾਣ ਲਈ ਵੀਜ਼ਾ ਅਪਲਾਈ ਕੀਤਾ ਸੀ ਤੇ ਇਹ ਖੁਸ਼ੀ ਦੀ ਗੱਲ ਏ ਕਿ ਇਸ ਵਾਰ ਸਾਰੇ ਸ਼ਰਧਾਲੂਆਂ ਨੂੰ ਵੀਜ਼ਾ ਮਿਲ ਗਿਆ ਏ ਤੇ ਸਾਰੇ ਸ਼ਰਧਾਲੂ 10 ਤਰੀਕ ਨੂੰ ਅਟਾਰੀ

ਸਰਹੱਦ ਰਾਹੀਂ ਪਾਕਿਸਤਾਨ ਲਈ ਰਵਾਨਾ ਹੋਣਗੇ ਤੇ 19 ਤਰੀਕ ਨੂੰ ਭਾਰਤ ਵਾਪਸ ਪਰਤਣਗੇ। ਸੂਤਰਾਂ ਮੁਤਾਬਿਕ ਸ਼ਰਧਾਲੂਆਂ ਨੂੰ ਕਸਟਮ ਇਮੀਗ੍ਰੇਸ਼ਨ ਕਾਗਜ਼ੀ ਕਾਰਵਾਈ ਪੂਰੀ ਕਰਨ ਲਈ ਸਵੇਰੇ 6 ਵਜੇ ਤੋਂ ਪਹਿਲਾਂ ਅਟਾਰੀ ਪਹੁੰਚਣ ਲਈ ਕਿਹਾ ਗਿਆ ਏ ਤਾਂ ਜੋ ਜਰੂਰੀ ਕਾਰਵਾਈ ਸਮੇਂ ਸਿਰ ਪੂਰੀ ਹੋ ਸਕੇ।

---------------------------------------------------------------

ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਤੇ ਦਿੱਲੀ ਦੇ ਸਾਬਕਾ ਸਿੱਖਿਆ ਮੰਤਰੀ ਮਨੀਸ਼ ਸਿਸੋਦੀਆ ਨੇ ਰੂਪਨਗਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦੇ ਸਕੂਲਾਂ ਤੇ ਖੇਡ ਮੈਦਾਨਾਂ ਦਾ ਨਿਰੀਖਣ ਕੀਤਾ। ਇਸ ਮੌਕੇ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਵਿਚ ਖੇਡ ਸੱਭਿਆਚਾਰ ਨੂੰ ਹੋਰ ਹੁਲਾਰਾ ਦੇਣ ਤੇ ਨਸ਼ਿਆਂ ਦੇ ਖ਼ਤਰੇ ਤੋਂ ਨੌਜਵਾਨਾਂ ਨੂੰ ਬਚਾਉਣ ਲਈ ਪੰਜਾਬ ਸਰਕਾਰ ਵਲੋਂ ਸੂਬੇ ਦੇ ਹਰੇਕ ਪਿੰਡ ਵਿੱਚ ਖੇਡ ਮੈਦਾਨ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਸੂਬੇ ਦੇ ਕਰੀਬ 13000 ਪਿੰਡਾਂ ਵਿਚ ਇਹ ਖੇਡ ਮੈਦਾਨ ਪਿੰਡ ਦੇ ਨੌਜਵਾਨਾਂ ਦੀ ਮੰਗ ਅਨੁਸਾਰ ਬਣਾਏ ਜਾਣਗੇ, ਜਿਸ ਵਿੱਚ

ਫੁੱਟਬਾਲ, ਕ੍ਰਿਕਟ, ਹਾਕੀ, ਐਥਲੈਟਿਕਸ, ਵਾਲੀਬਾਲ, ਹੈਂਡਬਾਲ ਆਦਿ ਖੇਡਾਂ ਦੇ ਮੈਦਾਨ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਬਜਟ ਵਿਚ 979 ਕਰੋੜ ਰੁਪਏ ਰੱਖੇ ਗਏ ਨੇ। ਇਸ ਰਾਸ਼ੀ ਨਾਲ ਸਰਕਾਰ ਵਲੋਂ ਖੇਡ ਮੈਦਾਨਾਂ ਦੇ ਨਾਲ-ਨਾਲ ਪਿੰਡਾਂ ਵਿੱਚ ਜਿੰਮ ਵੀ ਬਣਾਏ ਜਾਣਗੇ।

---------------------------------------------------

ਪੰਜਾਬ ਦੇ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵਲੋਂ ਸੂਬੇ ਭਰ ਵਿਚ ਡੀਵੌਰਮਿੰਗ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਏ। ਸ੍ਰੀ ਮੁਕਤਸਰ ਸਾਹਿਬ ਦੇ ਲੰਬੀ ਹਲਕੇ ਤੋਂ ਇਸ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਸ. ਖੁੱਡੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਲਗਭਗ 8 ਕਰੋੜ ਰੁਪਏ ਦੀ ਲਾਗਤ ਨਾਲ ਸਮੁੱਚੇ ਪਸ਼ੂਧਨ ਨੂੰ ਮਲੱਪ ਰਹਿਤ ਕਰਨ ਲਈ ਡੀਵੌਰਮਿੰਗ ਦਵਾਈ ਖਰੀਦੀ ਏ ਤੇ ਇਹ ਦਵਾਈ ਸੂਬੇ ਭਰ ਦੇ ਕਿਸਾਨਾਂ ਨੂੰ ਮੁਫ਼ਤ ਵੰਡੀ ਜਾਵੇਗੀ। ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਹਰੇਕ ਪਸ਼ੂ ਪਾਲਕ ਦੇ ਘਰ ਤੱਕ ਸਮੇਂ ਸਿਰ ਦਵਾਈ ਪਹੁੰਚਾਉਣਾ ਯਕੀਨੀ ਬਣਾਉਣ।

---------------------------------------------------------

ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਜਲੰਧਰ ਵਿਖੇ  ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਦੇ ਐਨ.ਐਸ.ਐਸ.  ਵਿਭਾਗ ਵਲੋਂ ਨਸ਼ਿਆਂ ਖਿਲਾਫ਼ ਜਾਗਰੂਕਤਾ ਵਿਸ਼ੇ ’ਤੇ ਇਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਆਈ.ਪੀ.ਐਸ. ਰਿਸ਼ਭ ਭੋਲਾ ਨੇ ਸੰਬੋਧਨ ਕਰਦਿਆਂ ਨੌਜਵਾਨਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਸੁਚੇਤ ਕਰਦਿਆਂ ਇਸ ਕੋਹੜ ਨੂੰ ਜੜ੍ਹੋਂ ਖ਼ਤਮ ਕਰਨ ਲਈ ਨਸ਼ਿਆਂ ਖਿਲਾਫ਼ ਵਿੱਢੀ ਲੜਾਈ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ੇ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ। ਇਸ ਪ੍ਰਤੀ ਸਭ ਨੂੰ ਜਾਗਰੂਕ ਕਰਨਾ ਅੱਜ ਦੇ ਸਮੇਂ ਦੀ ਅਹਿਮ ਲੋੜ ਏ। ਬਹੁਮੰਤਵੀ ਸਮਾਜ ਸੇਵੀ  ਸੰਸਥਾ ਦਿਸ਼ਾਦੀਪ ਦੇ ਸੰਸਥਾਪਕ ਤੇ ਚੀਫ਼ ਲਾਇਨ ਐੱਸ ਐਮ ਸਿੰਘ ਨੇ ਕਿਹਾ ਕਿ ਸਮਾਜ ਦੇ ਸਭ ਵਰਗਾਂ ਦੇ ਸਮੂਹਿਕ ਸਹਿਯੋਗ ਤੇ ਦ੍ਰਿੜ ਸੰਕਲਪ ਸਦਕਾ ਨਸ਼ਿਆਂ ਵਿਰੁੱਧ ਲੜਾਈ ਹੁਣ ਫੈਸਲਾਕੁੰਨ ਦੌਰ ਵਿਚ ਏ ਤੇ ਨਸ਼ਿਆਂ ਵਿਰੁੱਧ ਸਾਡੀ ਜਿੱਤ ਯਕੀਨੀ ਏ। ਇਸ ਤੋਂ ਪਹਿਲਾਂ ਕਾਲਜ ਦੇ

ਓ.ਐਸ.ਡੀ. ਪ੍ਰੋ.ਕਮਲੇਸ਼ ਸਿੰਘ ਦੁੱਗਲ ਨੇ ਆਖਿਆ ਕਿ ਨਸ਼ਿਆਂ ਤੋਂ ਮੁਕਤੀ ਲਈ ਅਜਿਹੇ ਸੈਮੀਨਾਰ ਸਮੇਂ ਦੀ ਲੋੜ ਨੇ।